# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 08-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ, ਏਸ਼ੀਆ ਦੇ ਸਭ ਤੋਂ ਵੱਡੇ ਤਕਨਾਲੋਜੀ ਪ੍ਰੋਗਰਾਮ, ਇੰਡੀਆ ਮੋਬਾਈਲ ਕਾਂਗਰਸ ਦਾ ਕੀਤਾ ਉਦਘਾਟਨ - ਕਿਹਾ ਦੂਰਸੰਚਾਰ ਖੇਤਰ ਵਿੱਚ ਦੇਸ਼ ਦੀ ਸਫਲਤਾ, ਆਤਮ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਦੀ ਤਾਕਤ ਨੂੰ ਦਰਸਾਉਂਦੀ ਏ।
- ਦੇਸ਼ ਅੱਜ ਭਾਰਤੀ ਹਵਾਈ ਸੈਨਾ ਦੀ 93ਵੀਂ ਵਰ੍ਹੇਗੰਢ ਮਨਾ ਰਿਹਾ ਏ।
- ਕੇਂਦਰੀ ਰੇਲ ਅਤੇ ਜਲ ਸ਼ਕਤੀ ਰਾਜ ਮੰਤਰੀ ਵੀ. ਸੋਮੰਨਾ ਨੇ ਅਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ -ਕਿਹਾ ਇਸ ਯੋਜਨਾ ਤਹਿਤ ਅਮ੍ਰਿਤਸਰ ਸਟੇਸ਼ਨ ਵਿਸ਼ਵ ਪੱਧਰੀ ਸੁਵਿਧਾਵਾਂ ਨਾਲ ਲੈਸ ਹੋਵੇਗਾ I

- ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬੀ ਗਾਇਕ ਰਾਜਵੀਰ ਜਵੰਦਾ ਦਾ ਅੱਜ ਸਵੇਰੇ ਮੋਹਾਲੀ ਦੇ ਇਕ ਨਿੱਜੀ ਹਸਪਤਾਲ 'ਚ ਦੇਹਾਂਤ ਹੋ ਗਿਆ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ, ਏਸ਼ੀਆ ਦੇ ਸਭ ਤੋਂ ਵੱਡੇ ਦੂਰਸੰਚਾਰ, ਮੀਡੀਆ ਅਤੇ ਤਕਨਾਲੋਜੀ ਪ੍ਰੋਗਰਾਮ, ਇੰਡੀਆ ਮੋਬਾਈਲ ਕਾਂਗਰਸ 2025 ਦੇ ਨੌਵੇਂ ਐਡੀਸ਼ਨ ਦਾ ਉਦਘਾਟਨ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਦੂਰਸੰਚਾਰ ਖੇਤਰ ਵਿੱਚ ਦੇਸ਼ ਦੀ ਸਫਲਤਾ, ਆਤਮ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਦੀ ਤਾਕਤ ਨੂੰ ਦਰਸਾਉਂਦੀ ਏ। ਉਨ੍ਹਾਂ ਕਿਹਾ ।
BYTE:
ਉਨ੍ਹਾਂ ਕਿਹਾ ਕਿ, ਇੰਡੀਆ ਮੋਬਾਈਲ ਕਾਂਗਰਸ ਪ੍ਰੋਗਰਾਮ ਸਿਰਫ਼ ਮੋਬਾਈਲ ਅਤੇ ਟੈਲੀਕਾਮ ਤੱਕ ਸੀਮਿਤ ਨਹੀਂ ਏ, ਸਗੋਂ ਕੁਝ ਸਾਲਾਂ ਵਿੱਚ ਏਸ਼ੀਆ ਦਾ ਸਭ ਤੋਂ ਵੱਡਾ ਡਿਜੀਟਲ ਤਕਨਾਲੋਜੀ ਮੰਚ ਬਣ ਗਿਆ ਏ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ, ਦੇਸ਼ ਨੇ ਹਾਲ ਹੀ ਵਿੱਚ ਆਪਣਾ ਮੇਡ ਇਨ ਇੰਡੀਆ 4G ਸਟੈਕ ਜਾਰੀ ਕੀਤਾ ਏ, ਜੋ ਕਿ ਦੇਸ਼ ਲਈ ਇੱਕ ਵੱਡੀ ਸਵਦੇਸ਼ੀ ਪ੍ਰਾਪਤੀ ਏ।

---

ਦੇਸ਼ ਅੱਜ ਭਾਰਤੀ ਹਵਾਈ ਸੈਨਾ ਦੀ 93ਵੀਂ ਵਰ੍ਹੇਗੰਢ ਮਨਾ ਰਿਹਾ ਏ।ਰਾਸ਼ਟਰਪਤੀ ਦ੍ਰੋਪਦੀ ਮੁਰਮੂ , ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਹਵਾਈ ਸੈਨਾ ਦਿਵਸ 'ਤੇ ਸਾਰੇ ਹਵਾਈ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ ਏ। ਉਨ੍ਹਾਂ ਹਵਾਈ ਸੈਨਾ ਦੀ ਮਿਸਾਲੀ ਹਿੰਮਤ, ਵਚਨਬੱਧਤਾ ਅਤੇ ਰਾਸ਼ਟਰ ਦੀ ਸੇਵਾ ਵਿੱਚ ਉੱਤਮਤਾ ਲਈ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਅਤੇ ਹੋਰ ਬਹੁਤ ਸਾਰੇ ਸਫਲ ਫੌਜੀ ਆਪ੍ਰੇਸ਼ਨ ਹਵਾਈ ਸੈਨਾ ਦੇ ਬੇਮਿਸਾਲ ਯੋਗਦਾਨ ਦਾ ਪ੍ਰਮਾਣ ਨੇ। ਉਨ੍ਹਾਂ ਨੇ ਕੁਦਰਤੀ ਆਫ਼ਤਾਂ ਦੌਰਾਨ ਰਾਹਤ ਕਾਰਜਾਂ ਵਿੱਚ ਹਵਾਈ ਸੈਨਾ ਦੀ ਭੂਮਿਕਾ ਦੀ ਵੀ ਪ੍ਰਸ਼ੰਸਾ ਕੀਤੀ। ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਵੀ ਸੋਸ਼ਲ ਮੀਡੀਆ ਪੋਸਟ ਵਿੱਚ ਹਵਾਈ ਸੈਨਾ ਦੇ ਜਵਾਨਾਂ ਦੀ ਪ੍ਰਸ਼ੰਸਾ ਕੀਤੀ I ਉਨ੍ਹਾਂ ਕਿਹਾ ਕਿ ਹਵਾਈ ਸੈਨਾ ਦਾ ਨਾਮ ਹੀ ਦੇਸ਼ ਵਾਸੀਆਂ ਵਿੱਚ ਮਾਣ ਪੈਦਾ ਕਰਦਾ ਏ।

---

ਹਵਾਈ ਸੈਨਾ ਦੇ ਮੁਖੀ, ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਨੇ ਕਿਹਾ ਕਿ ਭਾਰਤੀ ਹਵਾਈ ਸੈਨਾ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਬੇਮਿਸਾਲ ਹਿੰਮਤ ਅਤੇ ਬਹਾਦਰੀ ਦਾ ਪ੍ਰਦਰਸ਼ਨ ਕੀਤਾ। ਗਾਜ਼ੀਆਬਾਦ ਦੇ ਹਿੰਡਨ ਏਅਰ ਬੇਸ ਵਿਖੇ 93ਵੇਂ ਹਵਾਈ ਸੈਨਾ ਦਿਵਸ ਮੌਕੇ ਆਯੋਜਿਤ ਇੱਕ ਸਮਾਰੋਹ ਵਿੱਚ ਬੋਲਦਿਆਂ, ਏਅਰ ਚੀਫ ਮਾਰਸ਼ਲ ਨੇ ਕਿਹਾ ਕਿ ਇਸ ਆਪ੍ਰੇਸ਼ਨ ਵਿੱਚ, ਭਾਰਤੀ ਹਵਾਈ ਸੈਨਾ ਦੇ ਮਿਸਾਲੀ ਪ੍ਰਦਰਸ਼ਨ ਨੇ ਪੂਰੇ ਦੇਸ਼ ਨੂੰ ਮਾਣ ਦਿਵਾਇਆ ਏ।**BYTE:**

---

ਕੇਂਦਰੀ ਰੇਲ ਅਤੇ ਜਲ ਸ਼ਕਤੀ ਰਾਜ ਮੰਤਰੀ ਵੀ. ਸੋਮੰਨਾ ਨੇ ਅੱਜ ਅਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਪੁਨਰ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ । ਇਹ ਵਿਕਾਸ ਕਾਰਜ ਅਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਕੀਤੇ ਜਾ ਰਹੇ ਨੇ ਜਿਸਦਾ ਮਕਸਦ ਦੇਸ਼ ਭਰ ਦੇ ਮੁੱਖ ਸਟੇਸ਼ਨਾਂ ਨੂੰ ਆਧੁਨਿਕ ਸੁਵਿਧਾਵਾਂ ਨਾਲ ਵਿਸ਼ਵ ਪੱਧਰ ਦੇ ਮਾਪਦੰਡਾਂ ਅਨੁਸਾਰ ਵਿਕਸਿਤ ਕਰਨਾ ਏ। ਮੁੱਖ ਪ੍ਰੋਜੈਕਟ ਪ੍ਰਬੰਧਕ ਨੇ ਮੰਤਰੀ ਨੂੰ ਅਮ੍ਰਿਤਸਰ ਸਟੇਸ਼ਨ ਦੇ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸ਼੍ਰੀ ਸੋਮੰਨਾ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਉਦੇਸ਼ ਅਮ੍ਰਿਤਸਰ ਆਉਣ ਵਾਲੇ ਤੀਰਥ ਯਾਤਰੀਆਂ ਅਤੇ ਸੈਲਾਨੀਆਂ ਨੂੰ ਇੱਕ

ਵਿਸ਼ੇਸ਼ ਯਾਤਰਾ ਦਾ ਤਜਰਬਾ ਪ੍ਰਦਾਨ ਕਰਨਾ ਏ । ਉਨ੍ਹਾਂ ਕਿਹਾ "ਅਮ੍ਰਿਤ ਭਾਰਤ ਸਟੇਸ਼ਨ ਯੋਜਨਾ" ਦਾ ਉਦੇਸ਼ ਦੇਸ਼ ਦੇ ਰੇਲ ਸਟੇਸ਼ਨਾਂ ਨੂੰ ਵਿਸ਼ਵ ਪੱਧਰੀ ਯਾਤਰਾ ਢਾਂਚੇ ਵਿੱਚ ਤਬਦੀਲ ਕਰਨਾ ਏ।BYTE:

ਇਸ ਤੋਂ ਬਾਅਦ ਮੰਤਰੀ ਨੇ ਸੱਚ ਖੰਡ ਸ੍ਰੀ ਹਰਮੰਦਰ ਸਾਹਿਬ ਮੱਥਾ ਟੇਕਿਆ

--------------------------------------------------------------

ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ 491ਵਾਂ ਪ੍ਰਕਾਸ਼ ਪੁਰਬ ਅੰਮ੍ਰਿਤਸਰ ਸਥਿਤ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਦੇਸ਼ ਵਿਦੇਸ਼ਾਂ ਤੋਂ ਲੱਖਾਂ ਦੀ ਗਿਣਤੀ ;ਚ ਪਹੁੰਚੀਆਂ ਸੰਗਤਾਂ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਅਸ਼ੀਰਵਾਦ ਲਿਆ । ਇਸ ਪਵਿੱਤਰ ਮੌਕੇ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਪਰਿਕਰਮਾ ਉੱਪਰੋਂ ਹੈਲੀਕਾਪਟਰ ਰਾਹੀਂ ਸੁੰਦਰ ਫੁੱਲਾਂ ਦੀ ਵਰਖਾ ਕੀਤੀ ਗਈ । ਗੁਰੂਦੁਆਰਾ ਮੰਜੀ ਸਾਹਿਬ ਦੀਵਾਨ ਹਾਲ 'ਚ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਧਾਰਮਿਕ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰੂ

ਇਤਿਹਾਸ ਨਾਲ ਜੋੜਿਆ। ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ **BYTE:**

ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰੂਦੁਆਰਾ ਬਾਬਾ ਅੱਟਲ ਰਾਏ ਸਾਹਿਬ ਵਿਖੇ ਗੁਰੂ ਸਾਹਿਬਾਨ ਨਾਲ ਸਬੰਧਿਤ ਇਤਿਹਾਸਕ ਤੇ ਬੇਸ਼ਕੀਮਤੀ ਵਸਤਾਂ ਸੋਨੇ ਦੇ ਦਰਵਾਜੇ, ਚਾਂਦੀ ਦੇ ਕਹੀ ਤੇ ਬਾਟੇ, ਸੋਨੇ ਤੇ ਹੀਰੇ ਜੜੇ ਜਵਾਹਰਾਤ ਦੇ ਜਲੌਅ ਸੰਗਤਾਂ ਦੇ ਦਰਸ਼ਨਾਂ ਲਈ ਸਜਾਏ ਗਏ। ਫੁੱਲਾਂ ਨਾਲ ਸਜਾਏ ਹੋਏ ਸ੍ਰੀ ਦਰਬਾਰ ਸਾਹਿਬ ਦਾ ਅਲੌਕਿਕ ਨਜ਼ਾਰਾ ਵੇਖਦੇ ਬਣ ਰਿਹਾ ਏ । ਸ਼ਾਮ ਵੇਲੇ ਸ੍ਰੀ ਦਰਬਾਰ ਸਾਹਿਬ ਵਿਖੇ ਅਤਿ ਸੁੰਦਰ ਦੀਪਮਾਲਾ ਅਤੇ ਆਤਿਸ਼ਬਾਜੀ ਵੀ ਕੀਤੀ ਜਾ ਰਹੀ ਏ ।

----------------------------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ, ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਚੌਥੇ ਸਿੱਖ ਗੁਰੂ, ਗੁਰੂ ਰਾਮਦਾਸ ਦੇ ਪ੍ਰਕਾਸ਼ਪੁਰਬ ਮੌਕੇ ਸਾਰੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ । ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਸਮਾਨਤਾ ਅਤੇ ਸੇਵਾ ਦੀ ਭਾਵਨਾ ਨੂੰ ਇੱਕ ਨਵੀਂ ਦਿਸ਼ਾ ਦਿੰਦੇ ਹੋਏ, ਅਧਿਆਤਮਿਕ ਸ਼ਹਿਰ ਅੰਮ੍ਰਿਤਸਰ ਦੀ ਸਥਾਪਨਾ ਕੀਤੀ।

---

ਬਿਜਲੀ ਖੇਤਰ ਵਿੱਚ ਵੱਡੇ ਸੁਧਾਰਾਂ ਦਾ ਪਿੜ ਬੰਨ੍ਹਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਨੂੰ ਦੇਸ਼ ਦਾ 'ਪਹਿਲਾ ਬਿਜਲੀ ਕੱਟ ਮੁਕਤ' ਸੂਬਾ ਬਣਾਉਣ ਲਈ ਪੰਜ ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 'ਰੌਸ਼ਨ ਪੰਜਾਬ ਮੁਹਿੰਮ' ਦੀ ਸ਼ੁਰੂਆਤ ਫਗਵਾੜਾ ਤੋਂ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਉਹ ਇਹ ਤੱਥ ਤੋਂ ਚੰਗੀ ਤਰ੍ਹਾਂ ਜਾਣੂੰ ਨੇ ਕਿ ਬਿਜਲੀ ਅਰਥਵਿਵਸਥਾ ਦੀ ਜੀਵਨ ਰੇਖਾ ਏ ਜਿਸ ਕਰਕੇ ਸੂਬਾ ਸਰਕਾਰ ਨੇ ਇਸ ਖੇਤਰ ਦੇ ਵਿਸਥਾਰ ਲਈ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਤੇ ਤਸੱਲੀ ਵਾਲੀ ਗੱਲ ਏ ਕਿ ਸੂਬਾ ਸਰਕਾਰ ਦੇ ਸਾਂਝੇ ਯਤਨਾਂ ਸਦਕਾ ਘਰੇਲੂ, ਉਦਯੋਗਿਕ ਅਤੇ ਖੇਤੀਬਾੜੀ, ਸਾਰੇ ਖੇਤਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਏ ।

---

ਰੌਸ਼ਨ ਪੰਜਾਬ' ਪ੍ਰਾਜੈਕਟ ਤਹਿਤ ਪੰਜਾਬ ਦੇ ਕੈਬਿਨੇਟ ਮੰਤਰੀ ਮੋਹਿੰਦਰ ਭਗਤ ਨੇ ਅੱਜ ਜਲੰਧਰ ਫੋਕਲ ਪੁਆਇੰਟ ਵਿਖੇ ਕਰੀਬ 4 ਕਰੋੜ ਰੁਪਏ ਦੀ ਲਾਗਤ ਵਾਲੇ 31.5 ਐਮ.ਵੀ.ਏ. ਪਾਵਰ ਟਰਾਂਸਫਾਰਮਰ ਦਾ ਉਦਘਾਟਨ ਕੀਤਾ ਗਿਆ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ

ਨੂੰ ਬਿਨ੍ਹਾਂ ਬਿਜਲੀ ਕੱਟਾਂ ਤੋਂ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ 'ਰੌਸ਼ਨ ਪੰਜਾਬ' ਪ੍ਰਾਜੈਕਟ ਦੀ ਸ਼ੁਰੂਆਤ ਕੀਤੀ ਗਈ ਏ । ਓਧਰ ਜ਼ਿਲਾ ਫਤਹਿਗੜ੍ਹ ਦੇ ਪਿੰਡ ਅਤੇਵਾਲੀ ਚ ਬਿਜਲੀ ਗਰਿੱਡ ਵਿਖੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ``66 ਕੇ ਵੀ ਗਰਿੱਡ ਅੱਤੇਵਾਲੀ ਵਿਖੇ ਪ੍ਰੋਜੈਕਟ ਦਾ ਸ਼ੁਭ ਆਰੰਭ ਕੀਤਾ ।

-------------------------------------------------------------

ਪੰਜਾਬੀ ਗਾਇਕ ਰਾਜਵੀਰ ਜਵੰਦਾ ਦਾ ਅੱਜ ਸਵੇਰੇ ਮੋਹਾਲੀ ਦੇ ਇਕ ਨਿੱਜੀ ਹਸਪਤਾਲ, ਵਿਖੇ ਦੇਹਾਂਤ ਹੋ ਗਿਆ । ਜ਼ਿਕਰਯੋਗ ਏ ਕਿ ਉਨ੍ਹਾਂ ਨੂੰ 27 ਸਤੰਬਰ ਨੂੰ ਇੱਕ ਸੜਕ ਹਾਦਸੇ ਤੋਂ ਬਾਅਦ ਬਹੁਤ ਹੀ ਗੰਭੀਰ ਹਾਲਤ ਵਿੱਚ ਦਾਖਲ ਕਰਵਾਇਆ ਗਿਆ ਸੀ, ਜਿਸ ਵਿੱਚ ਰੀੜ੍ਹ ਦੀ ਹੱਡੀ ਦੀਆਂ ਗੰਭੀਰ ਸੱਟਾਂ ਅਤੇ ਦਿਮਾਗ ਨੂੰ ਨੁਕਸਾਨ ਪਹੁੰਚਿਆ ਸੀ। ਸਾਡੇ ਮੋਹਾਲੀ ਤੋਂ ਪਤਰਕਾਰ ਨੇ ਦਸਿਆ ਕਿ ਵਿਆਪਕ ਡਾਕਟਰੀ ਸਹਾਇਤਾ ਅਤੇ ICU ਅਤੇ ਨਿਊਰੋਸਰਜਰੀ ਟੀਮਾਂ ਵਲੋਂ ਨਿਰੰਤਰ ਨਿਗਰਾਨੀ ਦੇ ਬਾਵਜੂਦ, ਅੱਜ ਸਵੇਰੇ ਜ਼ਿਆਦਾਤਰ ਅੰਗ ਫੇਲ੍ਹ ਹੋਣ ਕਾਰਨ ਉਹ ਦਮ ਤੋੜ ਗਏ । ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ , ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਅਤੇ ਹੋਰਨਾਂ ਆਗੂਆਂ ਨੇ ਉਘੇ ਪੰਜਾਬੀ ਗਾਇਕ ਰਾਜਵੀਰ ਜਵੰਦਾ ਦੇ ਬੇਵਕਤੀ

ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਸਪੀਕਰ ਨੇ ਕਿਹਾ ਕਿ ਦੇਹਾਂਤ ਦੀ ਖ਼ਬਰ ਸੁਣ ਕੇ ਉਨ੍ਹਾਂ ਨੂੰ ਬਹੁਤ ਦੁੱਖ ਹੋਇਆ ਏ। ਉਨ੍ਹਾਂ ਨੇ ਪ੍ਰਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਥਾਂ ਦੇਣ ਅਤੇ ਪਰਿਵਾਰ ਨੂੰ ਇਸ ਔਖੀ ਘੜੀ ਨੂੰ ਸਹਿਣ ਦਾ ਬਲ ਬਕਸਣ ।ਮੰਤਰੀ ਨੇ ਕਿਹਾ ਉਹ ਸਾਰੇ ਪੰਜਾਬੀਆਂ ਦੇ ਦਿਲ-ਅਜ਼ੀਜ਼ ਗਾਇਕ ਸਨ। ਉਹ ਹਮੇਸ਼ਾ ਆਪਣੇ ਸੁਰੀਲੇ ਗੀਤਾਂ ਰਾਹੀਂ ਆਪਣੇ ਪ੍ਰਸ਼ੰਸਕਾਂ ਦੇ ਦਿਲਾਂ ਵਿੱਚ ਵਸਦੇ ਰਹਿਣਗੇ।

---------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਲੰਬੀ ਹਲਕੇ ਵਿੱਚ ਕਿੱਲਿਆਂਵਾਲੀ, ਵੜਿੰਗ ਖੇੜਾ, ਲੁਹਾਰਾ ਅਤੇ ਭਾਗੂ ਪਿੰਡ 'ਚ ਲਗਭਗ ਇੱਕ ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਨਾ ਵਿਚ ਪਿੰਡ ਕਿੱਲਿਆਂਵਾਲੀ ਵਿਖੇ, 17 ਲੱਖ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੀ ਪਾਇਪ ਲਾਈਨ, ਪਿੰਡ ਵੜਿੰਗ ਖੇੜਾ ਵਿਖੇ 10 ਲੱਖ ਤੋਂ ਵੱਧ ਦੀ ਲਾਗਤ ਨਾਲ ਆਂਗਣਵਾੜੀ ਸੈਂਟਰ ਤੇ 35 ਲੱਖ ਦੀ ਲਾਗਤ ਨਾਲ ਹੈਲਥ ਵੈਲਨੈਂਸ ਸੈਂਟਰ, ਪਿੰਡ ਲੁਹਾਰਾ ਵਿਖੇ 11 ਲੱਖ 49 ਹਜ਼ਾਰ ਦੀ ਲਾਗਤ ਨਾਲ ਫਿਰਨੀ ਤੋਂ ਸ਼ੇਰਗੜ੍ਹ ਤੱਕ ਪੱਕਾ ਕੀਤਾ ਰਸਤਾ ਅਤੇ ਪਿੰਡ ਭਾਗੂ

ਵਿਖੇ, 12 ਲੱਖ 92 ਹਜ਼ਾਰ ਦੀ ਲਾਗਤ ਨਾਲ ਨਵੇਂ ਬਣੇ ਪੱਕੇ ਖ਼ਾਲ ਤੇ 8 ਲੱਖ ਦੀ ਲਾਗਤ ਨਾਲ ਖੜਵੰਜਾ ਦੇ ਕੰਮ ਸ਼ਾਮਿਲ ਏ। ਕੈਬਨਿਟ ਮੰਤਰੀ ਨੇ ਕਿਹਾ ਕਿ,ਲੰਬੀ ਹਲਕੇ 'ਚ ਕਿਸੇ ਵੀ ਵਿਕਾਸ ਕਾਰਜ ਲਈ ਫੰਡਾਂ ਦੀ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਪ੍ਰੋਜੈਕਟ ਨੂੰ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ ਜਾ ਰਿਹਾ ਏ।

---

ਦੀਵਾਲੀ ਦੇ ਮੌਕੇ 'ਤੇ ਬਾਜ਼ਾਰਾਂ ਵਿੱਚ ਮਿੱਠਾਈ ਦੀ ਵਧਦੀ ਮੰਗ ਨੂੰ ਦੇਖਦਿਆਂ ਸਿਹਤ ਵਿਭਾਗ ਦੇ ਫੂਡ ਸੇਫਟੀ ਵਿੰਗ ਵੱਲੋਂ ਇਕ ਵੱਡੀ ਕਾਰਵਾਈ ਕਰਦਿਆਂ, ਅੰਮ੍ਰਿਤਸਰ ਦੇ ਰਾਜਾਸਾਂਸੀ ਹਲਕੇ ਦੇ ਪਿੰਡ ਟਪਿਆਲਾ ਵਿਖੇ ਛਾਪੇਮਾਰੀ ਦੌਰਾਨ, ਨਕਲੀ ਖੋਆ ਤਿਆਰ ਕਰਨ ਵਾਲੇ ਰਾਕੇਟ ਦਾ ਪਰਦਾਫਾਸ਼ ਕੀਤਾ ਗਿਆ। ਇਸ ਦੌਰਾਨ, 165 ਕਿਲੋਗ੍ਰਾਮ ਨਕਲੀ ਖੋਆ, 7 ਕੁਇੰਟਲ ਮਿਲਕ ਪਾਊਡਰ ਅਤੇ 100 ਲੀਟਰ ਤੋਂ ਵੱਧ ਵਨਸਪਤੀ ਘਿਓ ਬਰਾਮਦ ਕਰਕੇ, ਨਸ਼ਟ ਕਰ ਦਿੱਤਾ ਗਿਆ। ਫੂਡ ਸੇਫਟੀ ਵਿੰਗ ਦੇ ਅਸਿਸਟੈਂਟ ਕਮਿਸ਼ਨਰ, ਰਜਿੰਦਰ ਪਾਲ ਸਿੰਘ ਨੇ ਦੱਸਿਆ ਕਿ ਵਿਭਾਗ ਨੂੰ ਮਿਲੀ ਗੁਪਤ ਸੂਚਨਾ ਦੇ ਅਧਾਰ 'ਤੇ ਇਹ

ਕਾਰਵਾਈ ਕੀਤੀ ਗਈ ਸੀ ਕਿ, ਪਿੰਡ ਟਪਿਆਲਾ ਵਿੱਚ ਇੱਕ ਵਿਅਕਤੀ ਨਕਲੀ ਖੋਆ ਤਿਆਰ ਕਰਕੇ ਮਾਰਕੀਟ ਵਿੱਚ ਸਪਲਾਈ ਕਰ ਰਿਹਾ ਏ।

--------------------------------------------------

ਜ਼ਿਲ੍ਹਾ ਫਿਰੋਜ਼ਪੁਰ ਵਿੱਚ, ਯੁਵਕ ਸੇਵਾਵਾਂ ਵਿਭਾਗ ਵੱਲੋ ਐਸ.ਬੀ.ਐਸ.ਐਸ. ਯੂਨੀਵਰਸਿਟੀ ਵਿਖੇ, ਰੈੱਡ ਰੀਬਨ ਕਲੱਬਾਂ ਦੇ ਮੈਂਬਰਾਂ ਦੇ ਨਸ਼ਿਆਂ ਅਤੇ ਖੂਨਦਾਨ ਵਿਸ਼ਿਆਂ 'ਤੇ ਜ਼ਿਲ੍ਹਾ ਪੱਧਰੀ ਰੀਲ ਮੇਕਿੰਗ ਮੁਕਾਬਲੇ ਕਰਵਾਏ ਗਏ। ਪਹਿਲਾ ਸਥਾਨ ਹਾਸਲ ਕਰਨ ਵਾਲੀ ਸੰਸਥਾ ਨੂੰ 3 ਹਜ਼ਾਰ, ਦੂਜੀ ਨੂੰ 2 ਹਜ਼ਾਰ ਅਤੇ ਤੀਜੇ ਸਥਾਨ ਤੇ ਆਉਣ ਵਾਲੀ ਸੰਸਥਾ ਨੂੰ ਇੱਕ ਹਜ਼ਾਰ ਰੁਪਏ ਨਗਦ ਇਨਾਮ ਦੇ ਕੇ ਉਤਸ਼ਾਹਤ ਕੀਤਾ ਗਿਆ। ਇਸ ਦੇ ਨਾਲ ਸਾਰਿਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

--------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ, ਏਸ਼ੀਆ ਦੇ ਸਭ ਤੋਂ ਵੱਡੇ ਤਕਨਾਲੋਜੀ ਪ੍ਰੋਗਰਾਮ, ਇੰਡੀਆ ਮੋਬਾਈਲ ਕਾਂਗਰਸ ਦਾ ਕੀਤਾ ਉਦਘਾਟਨ - ਕਿਹਾ ਦੂਰਸੰਚਾਰ ਖੇਤਰ ਵਿੱਚ ਦੇਸ਼ ਦੀ ਸਫਲਤਾ, ਆਤਮ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਦੀ ਤਾਕਤ ਨੂੰ ਦਰਸਾਉਂਦੀ ਏ।

- ਦੇਸ਼ ਅੱਜ ਭਾਰਤੀ ਹਵਾਈ ਸੈਨਾ ਦੀ 93ਵੀਂ ਵਰ੍ਹੇਗੰਢ ਮਨਾ ਰਿਹਾ ਏ ।
- ਕੇਂਦਰੀ ਰੇਲ ਅਤੇ ਜਲ ਸ਼ਕਤੀ ਰਾਜ ਮੰਤਰੀ ਵੀ. ਸੋਮੰਨਾ ਨੇ ਅਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ -ਕਿਹਾ ਇਸ ਯੋਜਨਾ ਤਹਿਤ ਅਮ੍ਰਿਤਸਰ ਸਟੇਸ਼ਨ ਵਿਸ਼ਵ ਪੱਧਰੀ ਸੁਵਿਧਾਵਾਂ ਨਾਲ ਲੈਸ ਹੋਵੇਗਾ I
- ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਅਤੇ
- ਪੰਜਾਬੀ ਗਾਇਕ ਰਾਜਵੀਰ ਜਵੰਦਾ ਦਾ ਅੱਜ ਸਵੇਰੇ ਮੋਹਾਲੀ ਦੇ ਇਕ ਨਿੱਜੀ ਹਸਪਤਾਲ 'ਚ ਦੇਹਾਂਤ ਹੋ ਗਿਆ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !